# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :11-12-2025**

ਸਿਵਿਲ ਹਵਾਬਾਜ਼ੀ ਬਾਰੇ ਡਾਇਰੈਕਟੋਰੇਟ ਜਨਰਲ (DGCA) ਨੇ ਵਿਆਪਕ ਪਧਰ ‘ਤੇ ਉਡਾਣਾਂ ਰੱਦ ਕਰਨ ਅਤੇ ਦੇਰੀ ਤੋਂ ਬਾਅਦ ਗੁਰੂਗ੍ਰਾਮ ਵਿੱਚ ਇੰਡੀਗੋ ਦੇ ਕਾਰਪੋਰੇਟ ਦਫ਼ਤਰ ਵਿੱਚ ਇੱਕ ਸਮਰਪਿਤ ਨਿਗਰਾਨੀ ਟੀਮ ਸਥਾਪਤ ਕੀਤੀ ਏ । ਇੱਕ ਹੁਕਮ ਵਿੱਚ, DGCA ਨੇ ਐਲਾਨ ਕੀਤਾ ਏ ਕਿ ਇਸ ਕਦਮ ਦਾ ਉਦੇਸ਼ ਉਡਾਣਾਂ ‘ਚ ਦੇਰੀ ਅਤੇ ਇਹਨਾਂ ਨੂੰ ਰੱਦ ਕਰਨ ਕਰਕੇ ਮੁਸਾਫ਼ਿਰਾਂ ਨੂੰ ਹੋਣ ਵਾਲੀ ਅਸੁਵਿਧਾ ਨੂੰ ਦੂਰ ਕਰਨਾ ਏ । ਡਿਪਟੀ ਚੀਫ਼ ਫਲਾਈਟ ਆਪ੍ਰੇਸ਼ਨ ਇੰਸਪੈਕਟਰ ਕੈਪਟਨ ਵਿਕਰਮ ਸ਼ਰਮਾ ਦੀ ਅਗਵਾਈ ਵਾਲੀ ਅੱਠ ਮੈਂਬਰੀ ਟੀਮ ਕਾਕਪਿਟ ਅਤੇ ਕੈਬਿਨ ਸਟਾਫ ਦੋਵਾਂ ਲਈ ਬੇੜੇ ਦੀ ਸਮਰਥਾ, ਚਾਲਕ ਦਲ

ਦੀ ਉਪਲਬਧਤਾ, ਵਰਤੋਂ ਦੇ ਘੰਟੇ, ਯੋਜਨਾਬੱਧ ਛੁੱਟੀਆਂ ਅਤੇ ਸਟੈਂਡਬਾਏ ਚਾਲਕ ਦਲ ਸਮੇਤ ਮੁੱਖ ਸੰਚਾਲਨ ਖੇਤਰਾਂ ਦੀ ਨਿਗਰਾਨੀ ਕਰੇਗੀ। ਦੋ ਮੈਂਬਰ ਰੋਜ਼ਾਨਾ ਵਾਰੋ – ਵਾਰੀ ਏਅਰਲਾਈਨ ਦੇ ਦਫ਼ਤਰ ਵਿੱਚ ਤਾਇਨਾਤ ਰਹਿਣਗੇ।
ਇਸ ਤੋਂ ਇਲਾਵਾ, ਡੀ.ਜੀ.ਸੀ.ਏ ਅਧਿਕਾਰੀ ਐਸ਼ਵੀਰ ਸਿੰਘ ਅਤੇ ਮਨੀ ਭੂਸ਼ਣ ਉਡਾਣਾਂ ਰੱਦ ਕਰਨ, ਰਿਫੰਡ ਪ੍ਰਕਿਰਿਆ, ਸਮੇਂ ਸਿਰ ਕਾਰਗੁਜ਼ਾਰੀ, ਮੁਸਾਫ਼ਿਰ ਮੁਆਵਜ਼ਾ ਅਤੇ ਸਮਾਨ ਦੀ ਡਿਲੀਵਰੀ ਦਾ ਨਿਰੰਤਰ ਧਿਆਨ ਰੱਖਣਗੇ।

-----------------------------------------------

ਰਾਸ਼ਟਰ ਅੱਜ ਮਹਾਂਵੀਰ ਚੱਕਰ ਨਾਲ ਸਨਮਾਨਿਤ, BSF ਦੇ ਸਹਾਇਕ ਕਮਾਂਡੈਂਟ, ਰਾਮ ਕ੍ਰਿਸ਼ਨ ਵਧਵਾ ਅਤੇ ਉਨ੍ਹਾਂ ਦੇ 8 ਸਾਥੀਆਂ ਦੀ ਬਹਾਦਰੀ ਅਤੇ ਸਰਬਉੱਚ ਕੁਰਬਾਨੀ ਨੂੰ ਯਾਦ ਕਰ ਰਿਹਾ ਏ, ਜਿਨ੍ਹਾਂ ਦੀ ਬੇਮਿਸਾਲ ਬਹਾਦਰੀ ਨੇ 1971 ਦੀ ਜੰਗ ਦੌਰਾਨ ਪੰਜਾਬ ਦੇ ਫਿਰੋਜ਼ਪੁਰ ਦੇ ਮਮਦੋਟ ਸੈਕਟਰ ਵਿੱਚ ਰਾਜਾ ਮੋਹਤਮ ਪੋਸਟ ਨੂੰ ਦੁਸ਼ਮਣਾਂ ਤੋਂ ਖੋਹ

ਲਿਆ ਸੀ । 8 ਵਿੱਚੋਂ ਦੋ ਨੂੰ ਸੇਨਾ ਮੈਡਲ ਅਤੇ 6 ਨੂੰ ਮਰਨ ਉਪਰੰਤ ਬਹਾਦਰੀ ਮੈਡਲਾਂ ਨਾਲ ਸਨਮਾਨਿਤ ਕੀਤਾ ਗਿਆ ਸੀ। ਬੀ.ਐਸ.ਐਫ ਇਸ ਦਿਨ ਨੂੰ ਰਾਜਾ ਮੋਹਤਮ ਦਿਵਸ ਵਜੋਂ ਮਨਾਉਂਦੀ ਏ । 1971 ਦੀ ਜੰਗ ਦੌਰਾਨ ਰਾਜਾ ਮੋਹਤਮ ਬਾਰਡਰ ਆਊਟ ਪੋਸਟ 'ਤੇ BSF ਦੇ ਸ਼ਹੀਦ ਜਵਾਨਾਂ ਨੂੰ ਸ਼ਰਧਾਂਜਲੀ ਦੇਣ ਲਈ ਇੱਕ ਵਿਸ਼ੇਸ਼ ਸਮਾਗਮ ਕਰਾਇਆ ਜਾ ਰਿਹਾ ਏ । ਭਾਰਤ ਸਰਕਾਰ ਨੇ ਲਾਮਿਸਾਲ ਬਹਾਦਰੀ ਅਤੇ ਸਰਵਉੱਚ ਕੁਰਬਾਨੀ ਲਈ ਓਹਨਾ ਨੂੰ ਮਰਨ ਉਪਰੰਤ ਮਹਾਵੀਰ ਚੱਕਰ ਨਾਲ ਸਨਮਾਨਿਤ ਕੀਤਾ । ਉਹ ਬੀ.ਐਸ.ਐਫ ਪਹਿਲੇ ਅਤੇ ਇਕਲੌਤੇ ਅਧਿਕਾਰੀ ਨੇ ਜਿਨ੍ਹਾਂ ਨੂੰ ਇਸ ਬਹਾਦਰੀ ਪੁਰਸਕਾਰ ਨਾਲ ਸਨਮਾਨਿਆ ਗਿਆ।

-----------------------------------------

ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਕਿਹਾ ਕਿ ਪੰਜਾਬ ਪੁਲਿਸ ਸੂਬੇ ਵਿੱਚ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਦੀਆਂ ਪਾਰਦਰਸ਼ੀ, ਨਿਰਪੱਖ ਅਤੇ ਸ਼ਾਂਤੀਪੂਰਨ ਚੋਣਾਂ

ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਤਿਆਰ ਏ । ਜ਼ਿਕਰਯੋਗ ਏ ਕਿ ਪੰਜਾਬ ਵਿੱਚ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ 14 ਦਸੰਬਰ ਨੂੰ ਹੋਣਗੀਆਂ ਅਤੇ 17 ਦਸੰਬਰ ਨੂੰ ਵੋਟਾਂ ਦੀ ਗਿਣਤੀ ਤੋਂ ਬਾਅਦ ਨਤੀਜੇ ਐਲਾਨੇ ਜਾਣਗੇ। ਡੀਜੀਪੀ ਨੇ ਸਾਰੇ ਪੁਲਿਸ ਅਧਿਕਾਰੀਆਂ ਨੂੰ ਪੇਸ਼ੇਵਰ ਪੁਲਿਸਿੰਗ ਅਤੇ ਚੋਣ ਜ਼ਾਬਤੇ ਦੀ ਸਖ਼ਤੀ ਨਾਲ ਪਾਲਣਾ ਕਰਨ ਦੇ ਨਿਰਦੇਸ਼ ਦਿੱਤੇ। ਕਾਨੂੰਨ ਅਤੇ ਵਿਵਸਥਾ ਬਾਰੇ  ਵਿਸ਼ੇਸ਼ ਡੀਜੀਪੀ ਅਰਪਿਤ ਸ਼ੁਕਲਾ ਨੇ ਕਿਹਾ ਕਿ ਚੋਣਾਂ ਦੌਰਾਨ ਜ਼ਿਲ੍ਹਿਆਂ ਤੋਂ ਘੱਟੋ-ਘੱਟ 75 ਫੀਸਦੀ ਪੁਲਿਸ ਬਲ ਜੁਟਾਉਣ ਲਈ ਕਿਹਾ ਗਿਆ ਏ । ਸਾਰੇ ਸੀ.ਪੀ, ਐਸ.ਐਸ.ਪੀਸ  ਨੂੰ ਪਹਿਲਾਂ ਹੀ ਆਪਣੇ ਅਧਿਕਾਰ ਖੇਤਰਾਂ ਵਿੱਚ ਫਲੈਗ ਮਾਰਚ ਕੱਢਣ ਅਤੇ ਮਜ਼ਬੂਤ ਅੰਤਰ-ਰਾਜੀ ਅਤੇ ਅੰਤਰ-ਜ਼ਿਲ੍ਹਾ ਨਾਕੇ ਲਗਾਉਣ ਲਈ ਦਿਸ਼ਾ ਨਿਰਦੇਸ਼ ਦਿੱਤੇ ਗਏ ਹਨ। ਗੁਆਂਢੀ ਰਾਜਾਂ ਦੇ ਡੀ.ਜੀ.ਪੀਜ਼. ਨੂੰ ਪੰਜਾਬ

ਨਾਲ ਲੱਗਦੀ ਸਰਹੱਦ ਦੇ ਆਪਣੇ ਵਾਲੇ ਪਾਸੇ ਨਾਕੇ ਲਗਾਉਣ ਲਈ ਪਹਿਲਾਂ ਹੀ ਬੇਨਤੀ ਕੀਤੀ ਗਈ ਏ ।

ਉਨ੍ਹਾਂ ਦੱਸਿਆ ਕਿ 13,395 ਪੋਲਿੰਗ ਸਟੇਸ਼ਨਾਂ ’ਤੇ 18,718 ਪੋਲਿੰਗ ਬੂਥ ਸਥਾਪਤ ਕੀਤੇ ਗਏ ਨੇ , ਜਿਨ੍ਹਾਂ ਵਿੱਚੋਂ 860 ਨੂੰ ਅਤਿ-ਸੰਵੇਦਨਸ਼ੀਲ ਅਤੇ 3405 ਨੂੰ ਸੰਵੇਦਨਸ਼ੀਲ ਪੋਲਿੰਗ ਸਟੇਸ਼ਨਾਂ ਐਲਾਨਿਆ ਗਿਆ ਏ । ਸ਼ਾਂਤੀਪੂਰਨ ਚੋਣਾਂ ਨੂੰ ਯਕੀਨੀ ਬਣਾਉਣ ਲਈ 44,000 ਤੋਂ ਵੱਧ ਪੁਲਿਸ ਕਰਮਚਾਰੀ ਤਾਇਨਾਤ ਕੀਤੇ ਗਏ ਹਨ।

---------------------------------------------

ਫਾਜ਼ਿਲਕਾ ਜ਼ਿਲੇ ਦੇ ਅਬੋਹਰ ਤਹਿਸੀਲ ਕੰਪਲੈਕਸ ਦੀ ਪਾਰਕਿੰਗ ਵਿੱਚ ਅੱਜ ਸਵੇਰੇ ਅਣਪਛਾਤੇ ਹਮਲਾਵਰਾਂ ਵਲੋਂ ਕੀਤੀ ਗੋਲੀਬਾਰੀ ਵਿੱਚ ਆਕਾਸ਼ ਉਰਫ਼ ਗੋਲੂ ਨਾਮ ਦਾ ਇੱਕ ਨੌਜਵਾਨ ਮਾਰਿਆ ਗਿਆ। ਸਾਡੇ ਪਤਰਕਾਰ ਨੇ ਦਸਿਆ ਏ ਕਿ ਆਕਾਸ਼ ਆਪਣੇ ਦੋ ਦੋਸਤਾਂ ਨਾਲ ਅਦਾਲਤ ਦੀ ਸੁਣਵਾਈ ਲਈ ਪਹੁੰਚਿਆ ਤਾਂ ਦੋ ਹਮਲਾਵਰਾਂ ਨੇ ਅਚਾਨਕ

ਉਸ 'ਤੇ ਗੋਲੀਬਾਰੀ ਕਰ ਦਿੱਤੀ। ਉਸਨੂੰ ਜ਼ਖਮੀ ਹਾਲਤ ਵਿਚ ਅਬੋਹਰ ਦੇ ਸਰਕਾਰੀ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸਨੂੰ ਮ੍ਰਿਤਕ ਐਲਾਨ ਦਿੱਤਾ।
ਐਸ.ਐਸ.ਪੀ ਗੁਰਮੀਤ ਸਿੰਘ ਸਮੇਤ ਪੁਲਿਸ ਬਲ ਨੇ ਮੌਕੇ 'ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਏ । ਐਸ.ਐਸ.ਪੀ ਨੇ ਦਸਿਆ ਕਿ ਹਮਲਾਵਰਾਂ ਦੀ ਪਛਾਣ ਕਰ ਲਈ ਗਈ ਏ ਅਤੇ ਜਲਦੀ ਹੀ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਜਾਵੇਗਾ।
ਉਨ੍ਹਾਂ ਦੱਸਿਆ ਕਿ ਮ੍ਰਿਤਕਾਂ ਅਤੇ ਹਮਲਾਵਰਾਂ ਦੋਵਾਂ ਖਿਲਾਫ ਪਹਿਲਾਂ ਵੀ ਅਪਰਾਧਿਕ ਮਾਮਲੇ ਦਰਜ ਸਨ ।

---------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਵਿਦੇਸ਼ੀ ਹੈਂਡਲਰਾਂ ਨਾਲ ਜੁੜੇ, ਸਰਹੱਦ ਪਾਰ ਦੇ ਸੰਗਠਿਤ ਡਰੱਗ ਕਾਰਟੈਲਾਂ ਦੇ ਤਿੰਨ ਕਾਰਕੁਨਾਂ ਨੂੰ, 4 ਕਿਲੋ ਤੋਂ ਵੱਧ ਨਸ਼ੀਲੇ ਪਦਾਰਥ ICE ਅਤੇ 1 ਕਿਲੋ ਤੋਂ ਵੱਧ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਏ ।

ਪੰਜਾਬ ਪੁਲਿਸ ਗੌਰਵ ਯਾਦਵ ਨੇ ਨੇ ਦਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅੰਮ੍ਰਿਤਸਰ ਦੇ ਪਿੰਡ ਦਾਓਕੇ ਵਾਸੀ ਬਲਵਿੰਦਰ ਸਿੰਘ ਉਰਫ਼ ਬਿੰਦਰ, ਮਾਹਵਾ ਵਾਸੀ ਨਵਤੇਜ ਸਿੰਘ ਅਤੇ ਤਰਨਤਾਰਨ ਦੇ ਪਿੰਡ ਕਾਲੀਆ ਸਕਾਤਰਾਂ ਦੇ ਮਹਾਂਬੀਰ ਸਿੰਘ ਵਾਸੀ ਵਜੋਂ ਹੋਈ ਏ । ਨਸ਼ੀਲੇ ਪਦਾਰਥਾਂ ਦੀ ਬਰਾਮਦਗੀ ਤੋਂ ਇਲਾਵਾ, ਪੁਲਿਸ ਟੀਮਾਂ ਨੇ ਦੋਸ਼ੀਆਂ ਤੋਂ 2500 ਰੁਪਏ ਦੀ ਡਰੱਗ ਮਨੀ ਅਤੇ ਇੱਕ ਕਾਰ ਤੇ ਸਕੂਟਰ ਵੀ ਜ਼ਬਤ ਕੀਤਾ ਏ । ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਮੁਲਜ਼ਮ ਵਟਸਐਪ ਰਾਹੀਂ ਪਾਕਿਸਤਾਨ ਅਤੇ ਵਿਦੇਸ਼ਾਂ ਵਿੱਚ ਸਰਗਰਮ ਤਸਕਰਾਂ ਨਾਲ ਤਾਲਮੇਲ ਕਰ ਰਹੇ ਸਨ। ਅਗਲੇਰੀ ਜਾਂਚ ਜਾਰੀ ਏ ।

-----------------------------------------

ਲੁਧਿਆਣਾ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ''ਨਸ਼ਿਆਂ ਖਿਲਾਫ ਨੌਜਵਾਨ'' ਮੁਹਿੰਮ ਤਹਿਤ ਜ਼ਿਲ੍ਹਾ ਲੁਧਿਆਣਾ ਸਮੇਤ ਸਬ ਤਹਿਸੀਲ ਖੰਨਾ, ਪਾਇਲ, ਜਗਰਾਓਂ

ਅਤੇ ਸਮਰਾਲਾ ਦੇ ਵੱਖ-ਵੱਖ ਸਕੂਲਾਂ, ਕਾਲਜਾਂ ਅਤੇ ਹੋਰ ਵਿਦਿਅਕ ਅਦਾਰਿਆਂ ਵਿੱਚ ਨਸ਼ਿਆਂ ਵਿਰੁੱਧ ਵੱਧ ਤੋਂ ਵੱਧ ਨੌਜਵਾਨਾਂ ਨੂੰ ਜਾਗਰੂਕ ਕਰਨ ਲਈ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ ਗਏ। ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਕੱਤਰ, ਸੁਮਿਤ ਸੱਭਰਵਾਲ ਨੇ ਦੱਸਿਆ ਕਿ ਐਸ.ਡੀ.ਜੇ.ਐਮ., ਪੈਰਾ ਲੀਗਲ ਵਲੰਟੀਅਰਾਂ, ਪੈਨਲ ਵਕੀਲਾਂ ਨੇ ਵੱਖ-ਵੱਖ ਵਿਦਿਅਕ ਸੰਸਥਾਨਾ ਵਿੱਚ ਬੱਚਿਆਂ ਨੂੰ ਇਸ ਮੁਹਿੰਮ ਪ੍ਰਤੀ ਜਾਗਰੂਕ ਕੀਤਾ ਅਤੇ ਨਸ਼ੇ ਦੇ ਮਾੜੇ ਪ੍ਰਭਾਵਾਂ ਬਾਰੇ ਦੱਸਿਆ। ਇਸ ਮੁਹਿੰਮ ਸਬੰਧੀ ਬੱਚਿਆਂ ਵਲੋਂ ਵੱਖ-ਵੱਖ ਰੈਲੀਆਂ ਕੱਢ ਕੇ ਨਸ਼ਿਆਂ ਤੋਂ ਬਚਣ ਦਾ ਸੁਨੇਹਾ ਵੀ ਦਿੱਤਾ। ਸਕੱਤਰ ਸੱਭਰਵਾਲ ਨੇ ਇਹ ਵੀ ਦੱਸਿਆ ਕਿ ਮੁਹਿੰਮ ਤਹਿਤ ਜਾਰੀ ਕੀਤੇ ਟੋਲ ਫ੍ਰੀ ਨੰਬਰ 15100 ਬਾਰੇ ਵੀ ਵੱਧ ਤੋਂ ਵੱਧ ਬੱਚਿਆਂ ਨੂੰ ਜਾਣੂ ਕਰਵਾਇਆ ਗਿਆ।

-----------------------------------------

ਓਧਰ ਪਠਾਨਕੋਟ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਠਾਨਕੋਟ ਦੇ ਚੇਅਰਮੈਨ ਤੇ ਜ਼ਿਲ੍ਹਾ ਅਤੇ ਸੈਸ਼ਨ ਜੱਜ ਜਤਿੰਦਰ ਪਾਲ ਸਿੰਘ ਖੁਰਮੀ ਦੇ ਨਿਰਦੇਸ਼ਾਂ ਤਹਿਤ ਪਠਾਨਕੋਟ ਵਿਖੇ ਇੱਕ ਪੋਸਟਰ ਅਤੇ ਸਲੋਗਨ ਮੁਕਾਬਲਾ ਕਰਵਾਇਆ ਗਿਆ। ਇਸ ਮੁਕਾਬਲੇ ਵਿੱਚ ਵਿਦਿਆਰਥੀਆਂ ਨੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨ ਲਈ ਸਲੋਗਨ ਅਤੇ ਪੋਸਟਰ ਬਣਾਏ। ਉਨ੍ਹਾਂ ਦਸਿਆ ਕਿ ਛੇ ਬਲਾਕਾਂ: ਪਠਾਨਕੋਟ, ਸੁਜਾਨਪੁਰ, ਨਰੋਟ ਜੈਮਲ ਸਿੰਘ, ਬੁਮਿਆਲ, ਧਾਰ ਅਤੇ ਘਰੋਟਾ ਵਿੱਚ ''ਨਸ਼ਿਆਂ ਖਿਲਾਫ ਨੌਜਵਾਨ'' ਤਹਿਤ, ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਪ੍ਰੋਗਰਾਮ ਆਯੋਜਿਤ ਕੀਤੇ ਜਾ ਰਹੇ ਨੇ ।

---------------------------------------------

ਭਾਰਤ ਅਤੇ ਦੱਖਣੀ ਅਫਰੀਕਾ ਦਰਮਿਆਨ ਦੂਜਾ twenty – twenty ਕ੍ਰਿਕੇਟ ਮੈਚ ਅੱਜ ਸ਼ਾਮ 7 ਵਜੇ ਚੰਡੀਗੜ੍ਹ ਦੇ

ਮਹਾਰਾਜਾ ਯਾਦਵਿੰਦਰ ਸਿੰਘ ਅੰਤਰ-ਰਾਸ਼ਟਰੀ ਕ੍ਰਿਕਟ ਸਟੇਡੀਅਮ ਵਿਖੇ ਖੇਡਿਆ ਜਾਵੇਗਾ।

ਸੂਰਿਆਕੁਮਾਰ ਯਾਦਵ ਦੀ ਅਗਵਾਈ ਵਾਲੀ ਭਾਰਤੀ ਟੀਮ ਪੰਜ ਮੈਚਾਂ ਦੀ twenty – twenty ਲੜੀ ਵਿੱਚ 1-0 ਨਾਲ ਅੱਗੇ ਏ। ਇਸ ਤੋਂ ਪਹਿਲਾਂ, ਭਾਰਤ ਨੇ ਕਟਕ ਵਿੱਚ ਪਹਿਲੇ ਮੈਚ ਵਿੱਚ ਦੱਖਣੀ ਅਫਰੀਕਾ ਨੂੰ 101 ਦੌੜਾਂ ਨਾਲ ਹਰਾਇਆ ਸੀ। ਸਟਾਰ ਆਲ-ਰਾਉਂਡਰ ਹਾਰਦਿਕ ਪੰਡਯਾ ਦੀ ਵਾਪਸੀ ਨੇ ਟੀਮ ਨੂੰ ਹੋਰ ਮਜ਼ਬੂਤੀ ਦਿੱਤੀ ਏ। ਉਪ-ਕਪਤਾਨ ਸ਼ੁਭਮਨ ਗਿੱਲ ਦੀ ਵੀ ਟੀਮ ਵਿੱਚ ਵਾਪਸੀ ਹੋਈ ਏ।

---------------------------------------------------------------------------